**TODAY'S HUKAMNAMA FROM SRI DARBAR SAHIB, Sri Amritsar.**
**[February 5th , 2025 - Wednesday - 05:30 AM. IST]**

**ਸੋਰਠਿ ਮਹਲਾ ੫ ਘਰੁ ੨ ਦੁਪਦੇ**
**ੴ ਸਤਿਗੁਰ ਪ੍ਰਸਾਦਿ ॥**
**ਸਗਲ ਬਨਸਪਤਿ ਮਹਿ ਬੈਸੰਤਰੁ ਸਗਲ ਦੂਧ ਮਹਿ ਘੀਆ ॥ ਊਚ ਨੀਚ ਮਹਿ ਜੋਤਿ ਸਮਾਣੀ ਘਟਿ ਘਟਿ ਮਾਧਉ ਜੀਆ ॥੧॥ ਸੰਤਹੁ ਘਟਿ ਘਟਿ ਰਹਿਆ ਸਮਾਹਿਓ ॥ ਪੂਰਨ ਪੂਰਿ ਰਹਿਓ ਸਰਬ ਮਹਿ ਜਲਿ ਥਲਿ ਰਮਈਆ ਆਹਿਓ ॥੧॥ ਰਹਾਉ ॥ ਗੁਣ ਨਿਧਾਨ ਨਾਨਕੁ ਜਸੁ ਗਾਵੈ ਸਤਿਗੁਰਿ ਭਰਮੁ ਚੁਕਾਇਓ ॥ ਸਰਬ ਨਿਵਾਸੀ ਸਦਾ ਅਲੇਪਾ ਸਭ ਮਹਿ ਰਹਿਆ ਸਮਾਇਓ ॥੨॥੧॥੨੯॥**
**ਬੁੱਧਵਾਰ, ੨੩ ਮਾਘ (ਸੰਮਤ ੫੫੬ ਨਾਨਕਸ਼ਾਹੀ) ੫ ਫਰਵਰੀ, ੨੦੨੫ (ਅੰਗ: ੬੧੭)**

**ਪੰਜਾਬੀ ਵਿਆਖਿਆ:**

**ਸੋਰਠਿ ਮਹਲਾ ੫ ਘਰੁ ੨ ਦੁਪਦੇ**
**ੴ ਸਤਿਗੁਰ ਪ੍ਰਸਾਦਿ ॥**
**ਹੇ ਭਾਈ! ਜਿਵੇਂ ਸਭ ਬੂਟਿਆਂ ਵਿਚ ਅੱਗ (ਗੁਪਤ ਮੌਜੂਦ) ਹੈ, ਜਿਵੇਂ ਹਰੇਕ ਕਿਸਮ ਦੇ ਦੁੱਧ ਵਿਚ ਘਿਉ (ਮੱਖਣ) ਗੁਪਤ ਮੌਜੂਦ ਹੈ, ਤਿਵੇਂ ਚੰਗੇ ਮੰਦੇ ਸਭ ਜੀਵਾਂ ਵਿਚ ਪ੍ਰਭੂ ਦੀ ਜੋਤਿ ਸਮਾਈ ਹੋਈ ਹੈ, ਪਰਮਾਤਮਾ ਹਰੇਕ ਸਰੀਰ ਵਿਚ ਹੈ, ਸਭ ਜੀਵਾਂ ਵਿਚ ਹੈ।੧। ਹੇ ਸੰਤ ਜਨੋ! ਪਰਮਾਤਮਾ ਹਰੇਕ ਸਰੀਰ ਵਿਚ ਮੌਜੂਦ ਹੈ। ਉਹ ਪੂਰੀ ਤਰ੍ਹਾਂ ਸਾਰੇ ਜੀਵਾਂ ਵਿਚ ਵਿਆਪਕ ਹੈ, ਉਹ ਸੋਹਣਾ ਰਾਮ ਪਾਣੀ ਵਿਚ ਹੈ ਧਰਤੀ ਵਿਚ ਹੈ।੧।ਰਹਾਉ। ਹੇ ਭਾਈ! ਨਾਨਕ ਉਸ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਉਂਦਾ ਹੈ। ਗੁਰੂ ਨੇ ਨਾਨਕ ਦਾ ਭੁਲੇਖਾ ਦੂਰ ਕਰ ਦਿੱਤਾ ਹੈ, ਤਾਂਹੀਏ ਨਾਨਕ ਨੂੰ ਯਕੀਨ ਹੈ ਕਿ ਪਰਮਾਤਮਾ ਸਭ ਜੀਵਾਂ ਵਿਚ ਵੱਸਦਾ ਹੈ, ਫਿਰ ਭੀ ਸਦਾ ਮਾਇਆ ਦੇ ਮੋਹ ਤੋਂ ਨਿਰਲੇਪ ਹੈ, ਸਭ ਜੀਵਾਂ ਵਿਚ ਸਮਾ ਰਿਹਾ ਹੈ।੨।੧।੨੯।**

**English Translation:**

**SORAT'H, FIFTH MEHL, SECOND HOUSE, DU-PADAS:**
**ONE UNIVERSAL CREATOR GOD. BY THE GRACE OF THE TRUE GURU:**

Fire is contained in all firewood, and butter is contained in all milk. God's Light is contained in the high and the low; the Lord is in the hearts of all beings. || 1 || O Saints, He is pervading and permeating each and every heart. The Perfect Lord is completely permeating everyone, everywhere; He is diffused in the water and the land. || 1 || Pause || Nanak sings the Praises of the Lord, the treasure of excellence; the True Guru has dispelled his doubt. The Lord is pervading everywhere, permeating all, and yet, He is unattached from all. || 2 || 1 || 29 ||

**Wednesday, 23rd Maagh (Samvat 556 Nanakshahi) 5th February, 2025 (Ang: 617)**